# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 18-09-2024**

ਕੇਂਦਰ ਨੇ ਖੁਰਾਕੀ ਤੇਲ ਐਸੋਸੀਏਸ਼ਨਾਂ ਨੂੰ ਉਦੋਂ ਤੱਕ ਕੀਮਤਾਂ ਨਾ ਵਧਾਉਣ ਦੀ ਸਲਾਹ ਦਿੱਤੀ ਏ, ਜਦੋਂ ਤੱਕ ਘੱਟ ਕਸਟਮ ਡਿਊਟੀ 'ਤੇ ਦਰਾਮਦ ਕੀਤੇ ਮੌਜੂਦਾ ਭੰਡਾਰ ਉਪਲਬਧ ਨੇ। ਖੁਰਾਕ ਅਤੇ ਜਨਤਕ ਵੰਡ ਵਿਭਾਗ ਦੇ ਸਕੱਤਰ ਸੰਜੀਵ ਚੋਪੜਾ ਨੇ ਕੱਲ੍ਹ ਨਵੀਂ ਦਿੱਲੀ ਵਿੱਚ, ਪ੍ਰਮੁੱਖ ਖੁਰਾਕੀ ਤੇਲ ਐਸੋਸੀਏਸ਼ਨਾਂ ਨਾਲ ਕੀਮਤ ਦੀ ਰਣਨੀਤੀ ਬਾਰੇ ਚਰਚਾ ਕੀਤੀ। ਸੋਲਵੈਂਟ ਐਕਸ-ਟਰੈਕਸ਼ਨ ਐਸੋਸੀਏਸ਼ਨ ਆਫ ਇੰਡੀਆ, ਇੰਡੀਅਨ ਵੈਜੀਟੇਬਲ ਆਇਲ ਪ੍ਰੋਡਿਊਸਰਜ਼ ਐਸੋਸੀਏਸ਼ਨ ਅਤੇ ਸੋਇਆਬੀਨ ਆਇਲ ਪ੍ਰੋਡਿਊਸਰਜ਼ ਐਸੋਸੀਏਸ਼ਨ ਦੇ ਨੁਮਾਇੰਦੇ ਮੀਟਿੰਗ ਵਿੱਚ ਸ਼ਾਮਲ ਹੋਏ। ਸਰਕਾਰ ਨੇ ਘਰੇਲੂ ਤੇਲ ਬੀਜਾਂ ਦੀਆਂ ਕੀਮਤਾਂ ਨੂੰ ਸਮਰਥਨ ਦੇਣ ਲਈ, ਵੱਖ-ਵੱਖ ਖਾਣ ਵਾਲੇ ਤੇਲ 'ਤੇ ਮੂਲ ਕਸਟਮ ਡਿਊਟੀ ਵਧਾ ਦਿੱਤੀ ਏ। 14 ਸਤੰਬਰ ਤੋਂ ਕੱਚੇ ਸੋਇਆਬੀਨ

ਤੇਲ, ਕੱਚੇ ਪਾਮ ਤੇਲ ਅਤੇ ਕੱਚੇ ਸੂਰਜਮੁਖੀ ਤੇਲ 'ਤੇ ਮੂਲ ਕਸਟਮ ਡਿਊਟੀ ਨੂੰ ਸਿਫ਼ਰ ਤੋਂ ਵਧਾ ਕੇ 20 ਫੀਸਦੀ ਕਰ ਦਿੱਤਾ ਗਿਆ ਏ , ਜਿਸ ਨਾਲ ਕੱਚੇ ਤੇਲ 'ਤੇ ਪ੍ਰਭਾਵੀ ਡਿਊਟੀ 27.5 ਫੀਸਦੀ ਹੋ ਗਈ ਏ । ਰਿਫਾਇੰਡ ਪਾਮ ਆਇਲ, ਰਿਫਾਇੰਡ ਸੂਰਜਮੁਖੀ ਤੇਲ ਅਤੇ ਰਿਫਾਇੰਡ ਸੋਇਆਬੀਨ ਤੇਲ 'ਤੇ ਮੂਲ ਕਸਟਮ ਡਿਊਟੀ 12.5 ਫੀਸਦੀ ਤੋਂ ਵਧਾ ਕੇ 32.5 ਫੀਸਦੀ ਕਰ ਦਿੱਤੀ ਗਈ ਏ , ਜਿਸ ਨਾਲ ਰਿਫਾਇੰਡ ਤੇਲ 'ਤੇ ਪ੍ਰਭਾਵੀ ਡਿਊਟੀ 35.7-5 ਫੀਸਦੀ ਹੋ ਗਈ ਏ । ਘੱਟ ਡਿਊਟੀ 'ਤੇ ਦਰਾਮਦ ਕੀਤੇ ਜਾਣ ਵਾਲੇ ਕਰੀਬ 30 ਲੱਖ ਮੀਟ੍ਰਿਕ ਟਨ ਖਾਣ ਵਾਲੇ ਤੇਲ ਦਾ ਭੰਡਾਰ ਏ , ਜੋ ਕਿ 45 ਤੋਂ 50 ਦਿਨਾਂ ਦੀ ਘਰੇਲੂ ਖਪਤ ਲਈ ਕਾਫੀ ਏ ।

---------------------------------------------------------------

ਬਠਿੰਡਾ-ਡੱਬਵਾਲੀ ਸੜਕ ’ਤੇ ਪਿੰਡ ਗਹਿਰੀ ਬੁੱਟਰ ’ਚ ਗੱਦਿਆਂ ਦੀ ਫੈਕਟਰੀ ‘ਚ ਅੱਗ ਲੱਗਣ ਕਾਰਨ ਤਿੰਨ ਮਜ਼ਦੂਰਾਂ ਦੀ ਮੌਤ ਹੋ ਗਈ।

ਖਬਰ ਏਜੇਂਸੀ ਹਿੰਦੁਸਤਾਨ ਸਮਾਚਾਰ ਤੋਂ ਮਿਲੀ ਜਾਣਕਾਰੀ ਮੁਤਾਬਿਕ, ਸੂਚਨਾ ਮਿਲਣ ’ਤੇ ਬਠਿੰਡਾ ਫਾਇਰ ਬ੍ਰਿਗੇਡ ਦੀਆਂ ਗੱਡੀਆਂ

ਪਹੁੰਚੀਆਂ ਪਰ ਹਾਲਾਤ ਬੇਕਾਬੂ ਹੁੰਦੇ ਵੇਖ ਜ਼ਿਲ੍ਹਾ ਪ੍ਰਸ਼ਾਸਨ ਨੂੰ ਅੱਗ ਉੱਤੇ ਕਾਬੂ ਪਾਉਣ ਲਈ ਹਰਿਆਣਾ ਦੇ ਡੱਬਵਾਲੀ ਤੋਂ ਫਾਇਰ ਬ੍ਰਿਗੇਡ ਦੀਆਂ ਹੋਰ ਗੱਡੀਆਂ ਮੰਗਵਾਉਣੀਆਂ ਪਈਆਂ। ਇਸ ਭਿਆਨਕ ਅੱਗ ਦੀ ਲਪੇਟ ਵਿੱਚ ਆਉਣ ਕਾਰਨ ਤਿੰਨ ਮਜ਼ਦੂਰਾਂ ਦੀ ਮੌਤ ਹੋ ਗਈ। ਫੈਕਟਰੀ ਵਿੱਚ ਹੀ ਕੰਮ ਕਰਨ ਵਾਲੇ ਬਲਕਾਰ ਸਿੰਘ ਨੇ ਦੱਸਿਆ ਕਿ ਉਹ 5 ਜਣੇ ਕੰਮ ਕਰ ਰਹੇ ਸਨ। ਏਡੀਸੀ ਨਰਿੰਦਰ ਸਿੰਘ ਨੇ ਦੱਸਿਆ ਕਿ ਅਗ ਲਗਨ ਦੇ ਕਾਰਨਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ।

---------------------------------------------------

ਜਲੰਧਰ ਵਿਖੇ ਸ਼੍ਰੀ ਸਿੱਧ ਬਾਬਾ ਸੋਢਲ ਜੀ ਦਾ ਮੇਲਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਦੂਰ ਦੁਰਾਡੇ ਤੋਂ ਬਹੁਤ ਵੱਡੀ ਗਿਣਤੀ ਵਿਚ ਸ਼ਰਧਾਲੂ ਨਤਮਸਤਕ ਹੋਏ। ਕੱਲ ਪੂਰਾ ਦਿਨ ਮੇਲੇ ਵਿਚ ਰੰਗ ਬਿਰੰਗੀਆਂ ਦੁਕਾਨਾਂ ਸਜੀਆਂ ਅਤੇ ਵੱਖ ਵੱਖ ਤਰਾਂ ਦੇ ਪਕਵਾਨ ਦੇ ਸਟਾਲ ਵੀ ਲਾਏ ਗਏ।

---------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਜਿਲ੍ਹਾ ਪਠਾਨਕੋਟ ਦੇ 134 ਪਰਿਵਾਰਾਂ ਨੂੰ ਕੱਲ ਪ੍ਰਧਾਨ ਮੰਤਰੀ ਅਵਾਸ ਯੋਜਨਾ ਤਹਿਤ ਪਹਿਲੀ ਕਿਸ਼ਤ ਜਾਰੀ ਕੀਤੀ। ਹਰੇਕ ਲਾਭਪਾਤਰੀ ਨੂੰ ਇੱਕ ਲੱਖ 20 ਹਜਾਰ ਰੁਪਏ ਮਕਾਨ ਦੀ ਉਸਾਰੀ ਲਈ ਦਿੱਤੇ ਜਾਣਗੇ। ਇਸ ਤੋਂ ਇਲਾਵਾ ਪ੍ਰਤੀ ਲਾਭਪਾਤਰੀ ਘਰ ਦੇ ਨਿਰਮਾਣ ਲਈ ਨਰੇਗਾ ਅਧੀਨ 27 ਹਜਾਰ ਰੁਪਏ ਦੀ ਗ੍ਰਾਂਟ ਵੀ ਦਿੱਤੀ ਜਾਵੇਗੀ। ਓਧਰ ਐਸ.ਏ.ਐਸ.ਨਗਰ ਵਿਖੇ ਵੀ, ਕੈਬਿਨਟ ਮੰਤਰੀ ਅਨਮੋਲ ਗਗਨ ਮਾਨ ਨੇ ਮਾਜਰੀ ਬਲਾਕ ਵਿਚ 100 ਲਾਭਪਾਤਰੀਆਂ ਨੂੰ ਇਕ ਕਰੋੜ 20 ਲਖ ਰੁਪਏ ਦੇ ਮਨਜ਼ੂਰੀ ਪੱਤਰ ਵੰਡੇ।

---

ਹੁਸ਼ਿਆਰਪੁਰ ਨਗਰ ਨਿਗਮ ਵਲੋਂ ਸਵੱਛ ਭਾਰਤ ਅਭਿਆਨ ਤਹਿਤ, ਕੱਲ ਸੇਵਾ ਪੰਦਰਵਾੜੇ ਦੀ ਸ਼ੁਰੂਆਤ ਕੀਤੀ ਗਈ ਜੋ ਕਿ 2 ਅਕਤੂਬਰ ਤੱਕ ਮਹਾਤਮਾ ਗਾਂਧੀ ਜੈਯੰਤੀ ਤੱਕ ਚੱਲੇਗੀ। ਪੰਜਾਬ ਦੇ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਅਤੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਨਗਰ ਨਿਗਮ ਦਫ਼ਤਰ ਪਹੁੰਚ ਕੇ ਸਭ ਤੋਂ ਪਹਿਲਾਂ ਇਕ

ਰੁੱਖ ਮਾਂ ਦੇ ਨਾਮ ਪ੍ਰੋਗਰਾਮ ਤਹਿਤ ਬੂਟੇ ਲਾਏ। ਉਨ੍ਹਾਂ ਲੋਕਾਂ ਨੂੰ ,ਆਪਣੀ ਨੈਤਿਕ ਜਿੰਮੇਵਾਰੀ ਸਮਝਦੇ ਹੋਏ ਆਪਣੇ ਆਸ-ਪਾਸ ਅਤੇ ਸ਼ਹਿਰ ਵਿਚ ਸਫ਼ਾਈ ਬਣਾਏ ਰੱਖਣ ਦੀ ਅਪੀਲ ਕੀਤੀ । ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਬਿਨਾ ਕੋਈ ਵੀ ਅਭਿਆਨ ਸਫ਼ਲ ਨਹੀਂ ਹੋ ਸਕਦਾ ਅਤੇ ਸਵੱਛ ਭਾਰਤ ਅਭਿਆਨ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਦੀ ਜੈਯੰਤੀ ਨੂੰ ਸਮਰਪਿਤ ਏ , ਇਸ ਲਈ ਸ਼ਹਿਰ ਵਾਸੀ ਇਨ੍ਹਾਂ 20 ਦਿਨਾਂ ਵਿਚ ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣ ਦਾ ਪ੍ਰਣ ਲੈਣ ਅਤੇ ਇਹੀ ਰਾਸ਼ਟਰ ਪਿਤਾ ਨੂੰ ਸਾਡੀ ਸੱਚੀ ਸ਼ਰਧਾਂਜ਼ਲੀ ਹੋਵੇਗੀ। ਓਧਰ ਮਾਲੇਰਕੋਟਲਾ ਦੇ ਵਿਧਾਇਕ ਡਾ ਮੁਹੰਮਦ ਜਮੀਲ ਉਰ ਰਹਿਮਾਨ ਨੇ ਵੀ "ਸਵੱਛਤਾ ਹੀ ਸੇਵਾ ਪੰਦਰਵਾੜੇ ਦਾ ਆਗਾਜ ਕੀਤਾ। ਇਸ ਮੌਕੇ ਜਲ ਅਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀਆਂ ਤੇ ਮੁਲਾਜ਼ਮਾਂ ਅਤੇ ਹੋਰ ਜ਼ਿਲ੍ਹਾਂ ਨਿਵਾਸੀਆਂ ਨੂੰ ਸਫਾਈ ਰੱਖਣ ਦੀ ਸਹੂੰ ਚੁਕਵਾਈ ਗਈ । ਵਿਧਾਇਕ ਨੇ ਲੋਕਾਂ ਨੂੰ ਸਵੱਛਤਾ ਦੀ ਸ਼ੁਰੂਆਤ ਆਪਣੇ ਘਰਾਂ ਤੋਂ ਕਰਕੇ ਸ਼ਹਿਰ, ਜ਼ਿਲ੍ਹਾ, ਸੂਬੇ ਅਤੇ ਆਪਣੇ ਪੂਰੇ ਦੇਸ਼ ਨੂੰ ਸਾਫ਼ ਕਰਨ ਦਾ ਸੱਦਾ ਦਿੱਤਾ ।

--------------------------------------------------

ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਭਾਰਤੀ ਹਾਕੀ ਟੀਮ ਨੂੰ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਜਿੱਤਣ 'ਤੇ ਵਧਾਈ ਦਿੱਤੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਖਿਡਾਰੀਆਂ ਦੀ ਟੀਮ ਭਾਵਨਾ, ਪ੍ਰਦਰਸ਼ਨ ਅਤੇ ਸਮਰਪਣ ਨੇ ਦੇਸ਼ ਦਾ ਮਾਣ ਵਧਾਇਆ ਏ।  ਕੱਲ੍ਹ ਫਾਈਨਲ ਵਿੱਚ ਮੌਜੂਦਾ ਚੈਂਪੀਅਨ ਭਾਰਤ ਨੇ ਮੇਜ਼ਬਾਨ ਚੀਨ ਨੂੰ 1-0 ਨਾਲ ਹਰਾ ਕੇ 5ਵੀਂ ਵਾਰ ਖ਼ਿਤਾਬ ਜਿੱਤਿਆ ਏ। ਭਾਰਤ ਨੇ ਇਸ ਟੂਰਨਾਮੈਂਟ ਵਿੱਚ, ਕੁੱਲ 26 ਗੋਲ ਕੀਤੇ ਅਤੇ ਆਪਣੇ ਸਾਰੇ ਮੈਚ ਜਿੱਤੇ।  ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਚੀਨ ਨੂੰ ਉਸ ਦੇ ਘਰੇਲੂ ਮੈਦਾਨ 'ਤੇ ਹਰਾ ਕੇ ਏਸ਼ੀਅਨ ਚੈਂਪੀਅਨਜ਼ ਟਰਾਫੀ ਜਿੱਤਣ 'ਤੇ ਭਾਰਤੀ ਹਾਕੀ ਟੀਮ ਨੂੰ ਵਧਾਈ ਦਿੱਤੀ ਏ। ਉਨ੍ਹਾਂ ਕਿਹਾ ਕਿ ਇਹ ਪੂਰੇ ਦੇਸ਼ ਲਈ ਮਾਣ ਵਾਲੇ ਪਲ ਹਨ ਕਿਉਂਕਿ ਭਾਰਤ ਨੇ ਪੰਜਵੀਂ ਵਾਰ ਇਹ ਟਰਾਫੀ ਆਪਣੇ ਨਾਂ ਕੀਤੀ ਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਰਤੀ ਟੀਮ ਦੇ ਸਾਰੇ ਖਿਡਾਰੀ ਸ਼ਲਾਘਾ ਦੇ ਹੱਕਦਾਰ ਨੇ,  ਕਿਉਂਕਿ ਉਨ੍ਹਾਂ ਨੇ ਟੀਮ ਦੌਰਾਨ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ਏ। ਮੁੱਖ ਮੰਤਰੀ ਨੇ ਕਿਹਾ ਕਿ ਇਹ ਹੋਰ ਵੀ ਖ਼ੁਸ਼ੀ

ਵਾਲੀ ਗੱਲ ਏ  ਕਿ ਭਾਰਤੀ ਟੀਮ ਵਿੱਚ ਪੰਜਾਬ ਦੇ 7 ਖਿਡਾਰੀ ਸ਼ਾਮਲ ਨੇ। ਹਰਮਨਪ੍ਰੀਤ ਸਿੰਘ ਟੂਰਨਾਮੈਂਟ ਦਾ ਸਰਵੋਤਮ ਖਿਡਾਰੀ ਐਲਾਨਿਆ ਗਿਆ।

-----------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ  ਐਨ.ਐਸ.ਐਸ ਇਕਾਈ ਨੇ, ਚੰਡੀਗੜ੍ਹ ਟਰੈਫਿਕ ਪੁਲਿਸ ਵੱਲੋਂ ਟਰੈਫਿਕ ਨਿਯਮਾਂ ਸਬੰਧੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ। ਇਸ ਪ੍ਰੋਗਰਾਮ ਦਾ ਆਯੋਜਨ ਪੰਜਾਬ ਯੂਨੀਵਰਸਿਟੀ ਐਨ.ਐਸ.ਐਸ. ਦੇ ਪ੍ਰੋਗਰਾਮ ਕੋਆਰਡੀਨੇਟਰ, ਡਾ: ਪਰਵੀਨ ਗੋਇਲ ਦੀ ਅਗਵਾਈ ਹੇਠ ਕੀਤਾ ਗਿਆ ਅਤੇ ਪ੍ਰੋਗਰਾਮ ਅਫ਼ਸਰ ਡਾ: ਸੋਨੀਆ ਭਾਰਦਵਾਜ  ਨੇ ਵਲੰਟੀਅਰਜ਼  ਨੂੰ ਸੰਬੋਧਨ ਕਰਦਿਆਂ ਟ੍ਰੈਫਿਕ ਨਿਯਮਾਂ ਦੀ ਮਹੱਤਤਾ ਬਾਰੇ ਦੱਸਿਆ ਅਤੇ ਉਨ੍ਹਾਂ  ਨੂੰ ਐਨ.ਐਸ.ਐਸ ਦੀ ਸੁਹਿਰਦਤਾ ਬਾਰੇ ਵੀ ਜਾਣਕਾਰੀ ਦਿੱਤੀ। ਇਸ ਪ੍ਰੋਗਰਾਮ ਵਿੱਚ 88 ਵਾਲੰਟੀਅਰਾਂ ਨੇ ਹਿੱਸਾ ਲਿਆ।